# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 26-01-2025**

- ਦੇਸ਼ ਅੱਜ ਆਪਣਾ 76ਵਾਂ ਗਣਤੰਤਰ ਦਿਵਸ ਮਨਾ ਰਿਹਾ ਏ-ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ, ਰਾਸ਼ਟਰ ਦੀ ਅਗਵਾਈ ਕਰਦਿਆਂ ਨਵੀਂ ਦਿੱਲੀ ਵਿੱਚ ਕਰਤਵਯ ਪਥ 'ਤੇ ਪਰੇਡ ਤੋਂ ਸਲਾਮੀ ਲਈ।
- ਪੰਜਾਬ ਵਿੱਚ 76ਵਾਂ ਗਣਤੰਤਰ ਦਿਵਸ ਬੜੀ ਧੂਮਧਾਮ ਨਾਲ ਮਨਾਇਆ ਗਿਆ -ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ, ਲੁਧਿਆਣਾ ਵਿਖੇ ਸੂਬਾ ਪੱਧਰੀ ਪ੍ਰੋਗਰਾਮ 'ਚ ਸ਼ਿਰਕਤ ਕੀਤੀ।
- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੁਲਿਸ ਮੁਲਾਜ਼ਮਾਂ ਨੂੰ, ਡਿਊਟੀ ਪ੍ਰਤੀ ਸ਼ਾਨਦਾਰ ਸਮਰਪਣ ਲਈ ਮੁੱਖ ਮੰਤਰੀ ਰਕਸ਼ਕ ਪਦਕ ਅਤੇ ਮੁੱਖ ਮੰਤਰੀ ਮੈਡਲ ਨਾਲ ਕੀਤਾ ਸਨਮਾਨਿਤ

- ਸਰਕਾਰੀ ਕਰਮਚਾਰੀਆਂ ਲਈ, ਏਕੀਕ੍ਰਿਤ ਪੈਨਸ਼ਨ ਯੋਜਨਾ ਨੋਟੀਫਾਈ ਕੀਤੀ ਗਈ ।
- ਐਥਲੈਟਿਕਸ ਵਿੱਚ, ਭਾਰਤ ਦੀ ਜਯੋਤੀ ਯਾਰਾਜੀ ਨੇ, ਫਰਾਂਸ ਵਿੱਚ ਔਰਤਾਂ ਦੀ 60 ਮੀਟਰ ਇਨਡੋਰ ਹਰਡਲ ਵਿੱਚ ਆਪਣਾ ਹੀ, ਕੌਮੀ ਰਿਕਾਰਡ ਤੋੜ ਕੇ ਸੋਨੇ ਦਾ ਤਮਗਾ ਜਿੱਤਿਆ ।

---------------------------------------------------

ਦੇਸ਼ ਅੱਜ ਆਪਣਾ 76ਵਾਂ ਗਣਤੰਤਰ ਦਿਵਸ ਮਨਾ ਰਿਹਾ ਏ । ਇਸ ਮੌਕੇ 'ਤੇ ਰਾਸ਼ਟਰਪਤੀ ਦ੍ਰੌਪਦੀ ਮੁਰਮੂ ਨੇ ਅੱਜ ਨਵੀਂ ਦਿੱਲੀ ਵਿੱਚ ਕਰਤਵਯ ਪਥ' ਤੇ ਰਾਸ਼ਟਰੀ ਝੰਡਾ ਲਹਿਰਾਇਆ। ਇਸ ਤੋਂ ਪਹਿਲਾਂ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕੌਮੀ ਜੰਗੀ ਯਾਦਗਾਰ ਦਾ ਦੌਰਾ ਕੀਤਾ ਅਤੇ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੱਤੀ । ਇੰਡੋਨੇਸ਼ੀਆ ਦੇ ਰਾਸ਼ਟਰਪਤੀ ਪ੍ਰਬੋਵੋ ਸੁਬਿਆਂਤੋ, ਇਸ ਸਾਲ ਦੇ ਗਣਤੰਤਰ ਦਿਵਸ ਸਮਾਰੋਹ ਵਿੱਚ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਅੱਜ ਦੀ ਪਰੇਡ ਵਿੱਚ, ਦੇਸ਼ ਦੀ ਸੱਭਿਅਤਾ, ਸੱਭਿਆਚਾਰ ਅਤੇ ਵਿਗਿਆਨਕ ਪ੍ਰਗਤੀ ਨੂੰ ਦਰਸਾਉਂਦੀਆਂ ਦਿਲਚਸਪ ਝਾਕੀਆਂ ਪੇਸ਼ ਕੀਤੀਆਂ ਗਈਆਂ। ਪਰੇਡ ਵਿੱਚ, 300 ਕਲਾਕਾਰਾਂ ਨੇ

ਦੇਸ਼ ਭਰ ਦੇ ਸਾਜ਼ਾਂ ਦੀ ਧੁਨ 'ਤੇ ਸਾਰੇ ਜਹਾਂ ਸੇ ਅੱਛਾ' ਪੇਸ਼ ਕੀਤਾ। ਸਮਾਗਮ ਦੌਰਾਨ ਹੈਲੀਕਾਪਟਰਾਂ ਨੇ ਤਿਰੰਗੇ ਦੀ ਸੰਰਚਨਾ ਦੇ ਰੂਪ ਵਿੱਚ ਫੁੱਲਾਂ ਦੀ ਵਰਖਾ ਕੀਤੀ। ਰਾਸ਼ਟਰ ਅਤੇ ਸਮਾਜ ਦੇ ਨਿਰਮਾਣ ਵਿੱਚ ਉਨ੍ਹਾਂ ਦੇ ਯੋਗਦਾਨ ਦਾ ਸਨਮਾਨ ਕਰਨ ਲਈ, ਜੀਵਨ ਦੇ ਵੱਖ-ਵੱਖ ਖੇਤਰਾਂ ਤੋਂ 10 ਹਜ਼ਾਰ ਵਿਸ਼ੇਸ਼ ਮਹਿਮਾਨ, ਜਿਨ੍ਹਾਂ ਵਿੱਚ ਪਿੰਡਾਂ ਦੇ ਸਰਪੰਚ, ਦਸਤਕਾਰੀ ਅਤੇ ਹਥਖੱਡੀ ਕਾਰੀਗਰ, ਸਵੈ ਸਹਾਇਤਾ ਸਮੂਹਾਂ ਦੇ ਮੈਂਬਰ, ਆਸ਼ਾ ਅਤੇ ਆਂਗਣਵਾੜੀ ਵਰਕਰ ਅਤੇ ਸੜਕ ਨਿਰਮਾਣ ਮਜ਼ਦੂਰਾਂ ਨੇ, ਵਿਸ਼ੇਸ਼ ਮਹਿਮਾਨ ਵਜੋਂ ਹਿੱਸਾ ਲਿਆ । ਝਾਕੀਆਂ ਵਿੱਚ T90 ਟੈਂਕ ਨਾਗ ਮਿਜ਼ਾਈਲ ਸਿਸਟਮ, ਬ੍ਰਹਮੋਸ ਪਿਨਾਕਾ ਰਾਕੇਟ ਸਿਸਟਮ, ਅਗਨੀਬਾਣ ਰਾਕੇਟ ਲਾਂਚਰ, ਅਤੇ ਹਲਕੇ ਵਾਹਨ ਬਜਰੰਗ ਦਾ ਪ੍ਰਦਰਸ਼ਨ ਕੀਤਾ ਗਿਆ । ਪਰੇਡ ਵਿੱਚ ਇੰਡੋਨੇਸ਼ੀਆ ਤੋਂ 60 ਮੈਂਬਰਾਂ ਦੀ ਇੱਕ ਮਾਰਚ ਟੁਕੜੀ ਅਤੇ 190 ਮੈਂਬਰੀ ਬੈਂਡ ਨੇ ਵੀ ਹਿੱਸਾ ਲਿਆ।

ਪਰੇਡ ਸਾਂਝੀਵਾਲਤਾ ਅਤੇ ਏਕਤਾ ਦੀ ਭਾਵਨਾ ਨੂੰ ਦਿਖਾਉਂਦਿਆਂ, ਕਰਤਵਯ ਪਥ 'ਤੇ ਪਹਿਲੀ ਵਾਰ ਤਿੰਨੋ ਫੌਜਾਂ ਦੀ ਝਾਕੀ ਨੇ ਹਿੱਸਾ ਲਿਆ । ਪੰਜਾਬ ਦੀ ਝਾਂਕੀ ਵਿਚ ਸੂਬੇ ਦੇ ਸਭਿਆਚਾਰ ਤੇ ਖੇਤੀਬਾੜੀ ਨੂੰ

ਦਰਸਾਇਆ ਗਿਆ , ਇਸੇ ਤਰਾਂ ਚੰਡੀਗੜ੍ਹ ਦੀ ਝਾਂਕੀ ਵਿਚ ਸਰੀਰਕ ਫਿਟਨੈਸ ਤੇ ਸ਼ਹਿਰ ਦੀ ਸੁੰਦਰਤਾ, ਹਰਿਆਣਾ ਦੀ ਝਾਕੀ ਵਿਚ ਭਗਵਦ ਗੀਤਾ ਦਾ ਵਿਖਾਲਾ ਕੀਤਾ ਗਿਆ ਅਤੇ ਉੱਤਰ ਪ੍ਰਦੇਸ਼ ਦੀ ਝਾਕੀ ਨੇ ਚੱਲ ਰਹੇ ਮਹਾਕੁੰਭ 2025 ਨੂੰ ਦਰਸਾਇਆ। ਸਮਾਗਮ ਦੀ ਸਮਾਪਤੀ 47 ਜਹਾਜ਼ਾਂ ਵੱਲੋਂ ਫਲਾਈਪਾਸਟ ਨਾਲ ਕੀਤੀ ਗਈ।

---------------------------------------------------

ਪੰਜਾਬ ਵਿੱਚ 76ਵਾਂ ਗਣਤੰਤਰ ਦਿਵਸ ਬੜੀ ਧੂਮਧਾਮ ਨਾਲ ਮਨਾਇਆ ਗਿਆ। ਲੁਧਿਆਣਾ ਵਿਖੇ ਸੂਬਾ ਪੱਧਰੀ ਪ੍ਰੋਗਰਾਮ ਕਰਵਾਇਆ ਗਿਆ, ਜਿੱਥੇ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਰਾਸ਼ਟਰੀ ਝੰਡਾ ਲਹਿਰਾਇਆ। ਸ਼ਹੀਦਾਂ ਨੂੰ ਸ਼ਰਧਾਂਜਲੀ ਭੇਂਟ ਕਰਦਿਆਂ, ਰਾਜਪਾਲ ਨੇ ਕਿਹਾ ਕਿ ਪੰਜਾਬ ਸਾਡੇ ਦੇਸ਼ ਦਾ ਇੱਕ ਸ਼ਾਨਦਾਰ ਅਤੇ ਖੁਸ਼ਹਾਲ ਸੂਬਾ ਏ , ਜਿਸ ਨੇ ਆਪਣੀ ਬਹਾਦਰੀ, ਬਹਾਦਰੀ, ਮਿਹਨਤ ਅਤੇ ਸੱਭਿਆਚਾਰਕ ਵਿਰਸੇ ਨਾਲ ਪੂਰੇ ਭਾਰਤ ਨੂੰ ਪ੍ਰੇਰਿਤ ਕੀਤਾ ਏ। ਉਨ੍ਹਾਂ ਕਿਹਾ ਕਿ ਦੇਸ਼ ਦੇ ਔਖੇ ਸਮੇਂ ਵਿੱਚ, ਲਾਲ ਬਹਾਦੁਰ ਸ਼ਾਸਤਰੀ ਜੀ ਦੇ 'ਜੈ ਜਵਾਨ ਜੈ ਕਿਸਾਨ' ਦੇ ਨਾਅਰੇ ਨੂੰ ਸਾਕਾਰ ਕਰਨ ਵਿੱਚ, ਸੂਬੇ ਨੇ ਮੋਹਰੀ ਭੂਮਿਕਾ

ਨਿਭਾਈ ਏ। ਉਨ੍ਹਾਂ ਕਿਹਾ ਕਿ ਪੰਜਾਬ ਦੇ ਕਿਸਾਨਾਂ ਨੇ, ਸਮੁੱਚੇ ਦੇਸ਼ ਨੂੰ ਅੰਨ ਸੰਕਟ ਤੋਂ ਬਚਾਉਣ ਅਤੇ ਅਨਾਜ ਭੰਡਾਰਨ ਵਿੱਚ ਆਤਮ ਨਿਰਭਰ ਬਣਾਉਣ ਵਿੱਚ ਅਹਿਮ ਯੋਗਦਾਨ ਪਾਇਆ ਏ। ਉਨ੍ਹਾਂ ਇਹ ਵੀ ਸਪੱਸ਼ਟ ਕਿਹਾ ਕਿ ਨਸ਼ਾਖੋਰੀ ਸਭ ਤੋਂ ਵੱਡੀ ਚੁਣੌਤੀ ਏ , ਜਿਸ ਦਾ ਸਾਹਮਣਾ ਦੇਸ਼ ਅਤੇ ਸੂਬੇ ਨੂੰ ਕਰਨਾ ਪੈ ਰਿਹਾ ਏ। ਰਾਜਪਾਲ ਨੇ ਕਿਹਾ ਕਿ ਕੇਂਦਰ ਸਰਕਾਰ ਦੇ ਸਹਿਯੋਗ ਨਾਲ, ਪੰਜਾਬ ਅੰਤਰ-ਰਾਸ਼ਟਰੀ ਸਰਹੱਦ ਤੋਂ ਨਸ਼ਿਆਂ ਅਤੇ ਹਥਿਆਰਾਂ ਦੀ ਘੁਸਪੈਠ ਨੂੰ ਕਾਬੂ ਕਰਨ ਲਈ, ਹਰ ਸੰਭਵ ਯਤਨ ਕਰ ਰਿਹਾ ਏ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਖੁਸ਼ਹਾਲ ਅਤੇ ਨਸ਼ਾ ਮੁਕਤ ਬਣਾਉਣ ਲਈ, ਮਿਲ ਕੇ ਠੋਸ ਕਦਮ ਚੁੱਕਣੇ ਪੈਣਗੇ।

----------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅਮਨ-ਸ਼ਾਂਤੀ, ਫਿਰਕੂ ਸਦਭਾਵਨਾ, ਏਕਤਾ ਅਤੇ ਭਾਈਚਾਰਕ ਸਾਂਝ ਵਿੱਚ, ਵਿਘਨ ਪਾਉਣ ਦੇ ਮਨਸੂਬੇ ਕਿਸੇ ਵੀ ਕੀਮਤ ’ਤੇ ਸਫਲ ਨਹੀਂ ਹੋਣ ਦਿੱਤੇ ਜਾਣਗੇ। ਅੱਜ ਪਟਿਆਲਾ ਵਿਖੇ 76ਵੇਂ ਗਣਤੰਤਰ ਦਿਵਸ ਮੌਕੇ ਸਮਾਗਮ ਦੌਰਾਨ ਕੌਮੀ ਤਿਰੰਗਾ ਲਹਿਰਾਉਣ ਤੋਂ ਬਾਅਦ ਇਕੱਠ ਨੂੰ ਸੰਬੋਧਨ

ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਗੁਰੂਆਂ, ਸੰਤਾਂ-ਮਹਾਂਪੁਰਸ਼ਾਂ ਅਤੇ ਸ਼ਹੀਦਾਂ ਦੀ ਧਰਤੀ ਏ , ਜੋ ਹਮੇਸ਼ਾ ਭਾਈਚਾਰਕ ਸਾਂਝ ਅਤੇ ਫਿਰਕੂ ਸਦਭਾਵਨਾ ਦੀਆਂ ਮਹਾਨ ਕਦਰਾਂ-ਕੀਮਤਾਂ ਲਈ ਮਾਨਵਤਾ ਦਾ ਮਾਰਗ-ਦਰਸ਼ਨ ਕਰਦੀ ਏ । ਮੁੱਖ ਮੰਤਰੀ ਨੇ ਇਸ ਨੇਕ ਕਾਰਜ ਲਈ ਲੋਕਾਂ ਦੇ ਸਹਿਯੋਗ ਦੀ ਮੰਗ ਕੀਤੀ , ਤਾਂ ਕਿ ਸੂਬੇ ਦੀ ਸ਼ਾਂਤੀ, ਤਰੱਕੀ ਤੇ ਖੁਸ਼ਹਾਲੀ ਨੂੰ ਕਾਇਮ ਰੱਖਿਆ ਜਾ ਸਕੇ। ਮੁੱਖ ਮੰਤਰੀ ਨੇ, ਸਮਾਜ ਅਤੇ ਸੂਬੇ ਪ੍ਰਤੀ ਆਪਣਾ ਸ਼ਾਨਦਾਰ ਯੋਗਦਾਨ ਦੇਣ ਲਈ ਵੱਖ-ਵੱਖ ਅਧਿਕਾਰੀਆਂ, ਮੁਲਾਜ਼ਮਾਂ, ਭਾਗੀਦਾਰਾਂ ਅਤੇ ਵਿਭਿੰਨ ਖੇਤਰਾਂ ਨਾਲ ਸਬੰਧਤ ਸ਼ਖ਼ਸੀਅਤਾਂ ਨੂੰ ਸਨਮਾਨਿਤ ਕੀਤਾ। ਉਨ੍ਹਾਂ ਸਹਾਇਕ ਸਬ ਇੰਸਪੈਕਟਰ ਮੰਨਾ ਸਿੰਘ ਅਤੇ ਰਜਿੰਦਰ ਸਿੰਘ, ਲੇਡੀ ਸੀਨੀਅਰ ਕਾਂਸਟੇਬਲ ਕੁਲਵਿੰਦਰ ਕੌਰ, ਹੋਮ ਗਾਰਡ ਜਵਾਨ ਗੁਰਦੀਪ ਸਿੰਘ ਅਤੇ ਸੀਨੀਅਰ ਕਾਂਸਟੇਬਲ ਗੁਰਪ੍ਰੀਤ ਸਿੰਘ ਨੂੰ ਮੁੱਖ ਮੰਤਰੀ ਰਕਸ਼ਕ ਪਦਕ ਨਾਲ ਸਨਮਾਨਿਤ ਕੀਤਾ । ਮੁੱਖ ਮੰਤਰੀ ਨੇ ਸੁਪਰਡੈਂਟ ਆਫ਼ ਪੁਲਿਸ ਨਵਰੀਤ ਸਿੰਘ ਵਿਰਕ, ਜਸਮੀਤ ਸਿੰਘ, ਜੁਗਰਾਜ ਸਿੰਘ, ਦਿਗਵਿਜੇ ਕਪਿਲ ਅਤੇ ਹਰਿੰਦਰ ਸਿੰਘ, ਕਮਾਂਡੈਂਟ ਪਰਮਪਾਲ ਸਿੰਘ, ਏ.ਆਈ.ਜੀ

ਅਵਨੀਤ ਕੌਰ ਸਿੱਧੂ, ਸਮੇਤ ਵੱਖ ਵੱਖ ਪੁਲਿਸ ਮੁਲਾਜ਼ਮਾਂ ਨੂੰ ਡਿਊਟੀ ਪ੍ਰਤੀ ਸ਼ਾਨਦਾਰ ਸਮਰਪਣ ਲਈ ਮੁੱਖ ਮੰਤਰੀ ਮੈਡਲ ਨਾਲ ਸਨਮਾਨਿਤ ਕੀਤਾ। ਮੁੱਖ ਮੰਤਰੀ ਨੇ ਸ਼ਹੀਦ ਸਿਪਾਹੀ ਭੁਪਿੰਦਰ ਸਿੰਘ, ਸ਼ਹੀਦ ਗੱਨਰ ਅਮਰੀਕ ਸਿੰਘ, ਸ਼ਹੀਦ ਨਾਇਕ ਰਾਜਵਿੰਦਰ ਸਿੰਘ, ਸ਼ਹੀਦ ਹੌਲਦਾਰ ਮੁਖਤਿਆਰ ਸਿੰਘ ਅਤੇ ਸ਼ਹੀਦ ਨਾਇਕ ਹਰਜਿੰਦਰ ਸਿੰਘ ਦੇ ਪਰਿਵਾਰਕ ਮੈਂਬਰਾਂ ਨੂੰ ਵੀ ਸਨਮਾਨਿਤ ਕੀਤਾ, ਜਿਨ੍ਹਾਂ ਨੇ ਭਾਰਤੀ ਫੌਜ ਦੇ ਆਪਰੇਸ਼ਨ ਰਕਸ਼ਕ ਦੌਰਾਨ ਸ਼ਹੀਦੀ ਪ੍ਰਾਪਤ ਕੀਤੀ ਸੀ। ਉਨ੍ਹਾਂ ਮੰਗਲ ਸਿੰਘ, ਵਿਰਜੇਸ਼ ਕੁਮਾਰ ਅਤੇ ਅਮਨਦੀਪ ਸਿੰਘ ਨੂੰ ਫਰਿਸ਼ਤੇ ਯੋਜਨਾ ਤਹਿਤ ਸਰਟੀਫ਼ਿਕੇਟ ਵੀ ਦਿੱਤੇ।

---------------------------------------------------------------

ਸੀਮਾ ਸੁਰੱਖਿਆ ਬਲ ਨੇ ਗਣਤੰਤਰ ਦਿਵਸ ਮੌਕੇ, ਦੇਸ਼ ਭਗਤੀ ਦੇ ਜਜ਼ਬੇ ਨੂੰ ਵਧਾਉਂਦੇ ਹੋਏ, ਅਟਾਰੀ ਸਰਹੱਦ 'ਤੇ ਇਤਿਹਾਸਕ ਸਾਂਝੀ ਜਾਂਚ ਚੌਕੀ 'ਤੇ ਰਾਸ਼ਟਰੀ ਝੰਡਾ ਲਹਿਰਾਇਆ । ਕਮਾਂਡੈਂਟ ਐਚ.ਐਨ ਜੋਸ਼ੀ ਨੇ ਜਵਾਨਾਂ ਸਮੇਤ ਤਿਰੰਗੇ ਨੂੰ ਸਲਾਮੀ ਦਿੱਤੀ। ਬੀ.ਐਸ.ਐਫ, ਦੇ ਵਧੀਕ ਡਾਇਰੈਕਟਰ ਜਨਰਲ, ਸਤੀਸ਼ ਖੰਡਾਰੇ ਨੇ ਪੰਜਾਬ ਫਰੰਟੀਅਰ ਦੇ

ਇੰਸਪੈਕਟਰ ਜਨਰਲ ਡਾ. ਅਤੁਲ ਫੁਲਜ਼ਲੇ ਦੇ ਨਾਲ ਅੰਮ੍ਰਿਤਸਰ ਸਥਿਤ ਆਪਣੇ ਬੇਸ 'ਤੇ ਤਿਰੰਗਾ ਲਹਿਰਾਇਆ ਅਤੇ ਜਵਾਨਾਂ ਨੂੰ ਮਠਿਆਈਆਂ ਵੰਡੀਆਂ। ਬਲ ਨੇ ਭਾਰਤ ਦੇ ਸੰਵਿਧਾਨ ਵਿੱਚ ਦਰਜ ਕਦਰਾਂ ਕੀਮਤਾਂ ਨੂੰ ਬਰਕਰਾਰ ਰੱਖਣ ਲਈ, ਆਪਣੀ ਅਟੱਲ ਵਚਨਬੱਧਤਾ ਅਤੇ ਹਰ ਕੀਮਤ 'ਤੇ ਉਨ੍ਹਾਂ ਦੀ ਰੱਖਿਆ ਕਰਨ ਦਾ ਅਹਿਦ ਕੀਤਾ।

-----------------------------------------------

ਏਧਰ 30ਵੀਂ ਬਟਾਲੀਅਨ ਆਈ.ਟੀ.ਬੀ.ਪੀ. , ਜਲੰਧਰ ਵਿਖੇ ਰੰਗਾਰੰਗ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਸਰਾਏਖਾਸ ਕੈਂਪ, ਕਰਤਾਰਪੁਰ ਵਿਖੇ 30ਵੀਂ ਬਟਾਲੀਅਨ ਦੇ ਕਮਾਂਡੈਂਟ ਬੂਟਾ ਸੁਮਨ ਦੀ ਅਗਵਾਈ ਹੇਠ ਬਟਾਲੀਅਨ ਕੰਪਲੈਕਸ ਵਿੱਚ ਸ਼ਾਨਦਾਰ ਪਰੇਡ ਸਮਾਰੋਹ ਅਤੇ ਸੱਭਿਆਚਾਰਕ ਪ੍ਰੋਗਰਾਮ ਬੜੇ ਹੀ ਉਤਸ਼ਾਹ ਅਤੇ ਧੂਮ-ਧਾਮ ਨਾਲ ਮਨਾਇਆ ਗਿਆ। ਇਸ ਮੌਕੇ ਕਮਾਂਡੈਂਟ ਨੇ ਰਾਸ਼ਟਰੀ ਝੰਡਾ ਲਹਿਰਾ ਕੇ ਸਲਾਮੀ ਦਿੱਤੀ ਅਤੇ ਸਮੂਹ ਅਧਿਕਾਰੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਗਣਤੰਤਰ ਦਿਵਸ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਕਮਾਂਡੈਂਟ ਨੇ ਸਾਰਿਆਂ ਨੂੰ ਦੇਸ਼ ਪ੍ਰਤੀ ਆਪਣੀ ਡਿਊਟੀ ਪੂਰੀ ਤਨਦੇਹੀ ਨਾਲ

ਨਿਭਾਉਣ, ਦੇਸ਼ ਦੀ ਅਖੰਡਤਾ ਅਤੇ ਏਕਤਾ ਨੂੰ ਕਾਇਮ ਰੱਖਣ ਲਈ ਕੰਮ ਕਰਨ ਅਤੇ ਆਪਣੇ ਨਾਲ-ਨਾਲ ਦੂਜਿਆਂ ਦੇ ਹੱਕਾਂ ਦਾ ਵੀ ਖਿਆਲ ਰੱਖਣ ਦਾ ਪ੍ਰਣ ਲਿਆ। ਇਸ ਮੌਕੇ ਉਨ੍ਹਾਂ ਅਧਿਕਾਰੀਆਂ ਨੂੰ ਵੀ ਵਧਾਈ ਦਿੱਤੀ ਜਿਨ੍ਹਾਂ ਨੇ ਸਾਲ 2024 ਦੌਰਾਨ ਭਾਰਤ-ਤਿੱਬਤ ਬਾਰਡਰ ਪੁਲਿਸ ਫੋਰਸ ਵਿੱਚ ਵਿਲੱਖਣ ਸੇਵਾ ਲਈ ਰਾਸ਼ਟਰਪਤੀ ਪੁਲਿਸ ਮੈਡਲ ਅਤੇ ਸ਼ਾਨਦਾਰ ਸੇਵਾ ਲਈ ਪੁਲਿਸ ਮੈਡਲ ਪੁਲਿਸ ਮੈਡਲ ਪ੍ਰਾਪਤ ਕੀਤਾ।

-------------------------------------------------------

ਆਕਾਸ਼ਵਾਣੀ ਜਲੰਧਰ ਨੇ ਵੀ ਗਣਤੰਤਰ ਦਿਵਸ ਪੂਰੇ ਉਤਸ਼ਾਹ ਨਾਲ ਮਨਾਇਆ। ਕੌਮੀ ਝੰਡਾ ਲਹਰਾਉਣ ਦੀ ਰਸਮ, ਇਸ ਸਾਲ ਸੇਵਾਮੁਕਤ ਹੋ ਰਹੇ ਅਧਿਕਾਰੀਆਂ ਨੇ ਅਦਾ ਕੀਤੀ। ਇਸ ਮੌਕੇ ਆਕਾਸ਼ਵਾਣੀ ਜਲੰਧਰ ਦੇ DDG ਰਣਜੀਤ ਮੀਨਾ ਦੂਰਦਰਸ਼ਨ ਦੇ DDG , RK ਜਾਰਗੰਲ ਪ੍ਰੋਗਰਾਮ ਮੁਖੀ, ਈਜਨੀਅਰਿੰਗ ਵਿਭਾਗ ਦੇ ਮੁਖੀਆਂ ਸਮੇਤ ਸਮੂਹ ਆਕਾਸ਼ਵਾਣੀ ਦੇ ਅਧਿਕਾਰੀ ਤੇ ਕਰਮਚਾਰੀਆਂ ਨੇ ਸ਼ਿਰਕਤ ਕੀਤੀ। ਇਸ ਮੌਕੇ ਸੱਭਿਆਚਾਰ ਅਤੇ ਦੇਸ਼ ਭਗਤੀ ਨੂੰ ਦਰਸਾਉਂਦੇ ਰੰਗਾਰੰਗ ਪ੍ਰੋਗਰਾਮ ਵੀ ਪੇਸ਼ ਕੀਤੇ ਗਏ। ਹਿੱਸਾ ਲੈਣ ਵਾਲਿਆਂ ਨੂੰ

ਸਨਮਾਨਿਤ ਵੀ ਕੀਤਾ ਗਿਆ

---------------------------------------------------------

ਆਕਾਸ਼ਵਾਣੀ ਦੇ ਮਹਾਨਿਦੇਸ਼ਕ ਡਾ. ਪ੍ਰੱਗਿਆ ਪਾਲੀਵਾਲ ਗੌੜ ਨੇ ਅੱਜ ਗਣਤੰਤਰ ਦਿਵਸ ਮੌਕੇ ਰਾਸ਼ਟਰੀ ਰਾਜਧਾਨੀ ਦੇ ਆਕਾਸ਼ਵਾਣੀ ਭਵਨ ਵਿਖੇ ਝੰਡਾ ਲਹਿਰਾਇਆ । ਉਨ੍ਹਾਂ ਆਕਾਸ਼ਵਾਣੀ ਕੰਪਲੈਕਸ ਵਿੱਚ ਮਹਾਤਮਾ ਗਾਂਧੀ ਦੀ ਮੂਰਤੀ 'ਤੇ ਸ਼ਰਧਾ ਦੇ ਫੁੱਲ ਭੇਟ ਕੀਤੇ।

-----------------------------------------------------------

ਸ੍ਰੀ ਮੁਕਤਸਰ ਸਾਹਿਬ ਵਿਚ ਖੁਰਾਕ, ਸਿਵਲ ਸਪਲਾਈ ਤੇ ਖਪਤਕਾਰ ਮੰਤਰੀ ਲਾਲ ਚੰਦ ਨੇ ਇਸ ਮੌਕੇ  ਸੁੰਤਰਤਤਾ ਸੈਨਾਨੀਆਂ ਦੇ ਪਰਿਵਾਰਕ ਮੈਂਬਰਾਂ ਨੂੰ ਉਚੇਚੇ ਤੌਰ ਤੇ ਸਨਮਾਨਿਤ ਕੀਤਾ । ਜ਼ਿਲ੍ਹਾ ਪ੍ਰਸ਼ਾਸਨ ਦੀ ਸਹਾਇਤਾਂ ਨਾਲ ਰੈਡ ਕਰਾਸ ਵਲੋਂ 20 ਲੋੜਵੰਦ ਔਰਤਾਂ ਨੂੰ ਸਿਖਲਾਈ ਮਸ਼ੀਨਾਂ ਵੰਡੀਆਂ ਗਈਆਂ ਅਤੇ ਵੱਖ-ਵੱਖ ਖੇਤਰਾਂ ਵਿੱਚ ਚੰਗੀਆਂ ਸੇਵਾਵਾਂ ਨਿਭਾਉਣ ਵਾਲੇ ਕਰਮਚਾਰੀਆ ਨੂੰ ਸਨਮਾਨਿਤ ਕੀਤਾ ਗਿਆ ਅਤੇ ਵਿਕਾਸ ਨੂੰ ਦਰਸਾਉਂਦੀਆਂ ਵੱਖ ਵੱਖ ਵਿਭਾਗਾਂ ਵਲੋਂ ਝਾਕੀਆਂ ਦਾ ਵੀ ਆਯੋਜਨ ਕੀਤਾ ਗਿਆ। ਬਠਿੰਡਾ ਵਿਚ ਮਾਲ, ਮੁੜ ਵਸੇਬਾ  ਮੰਤਰੀ

ਹਰਦੀਪ ਸਿੰਘ ਮੁੰਡੀਆਂ ਨੇ ਕੌਮੀ ਝੰਡਾ ਲਹਿਰਾਇਆ ਉਨ੍ਹਾਂ ਆਜ਼ਾਦੀ ਘੁਲਾਟੀਆਂ, ਪੁਲਿਸ ਤੇ ਫ਼ੌਜ 'ਚ ਸ਼ਹੀਦ ਹੋਏ ਸੂਰਬੀਰਾਂ ਦੇ ਪਰਿਵਾਰਾਂ, ਪ੍ਰੇਡ ਕਮਾਂਡਰ, ਪ੍ਰੇਡ 'ਚ ਸ਼ਾਮਲ ਵੱਖ-ਵੱਖ ਟੁਕੜੀਆਂ, ਪੀਟੀ ਸ਼ੋਅ, ਸੱਭਿਆਚਾਰਕ ਪ੍ਰੋਗਰਾਮ ਪੇਸ਼ ਕਰਨ ਵਾਲੇ ਵਿਦਿਆਰਥੀਆਂ, ਆਪਣੀ ਡਿਊਟੀ ਦੌਰਾਨ ਸ਼ਾਨਦਾਰ ਸੇਵਾਵਾਂ ਨਿਭਾਉਣ ਵਾਲੇ ਅਧਿਕਾਰੀਆਂ ਤੇ ਕਰਮਚਾਰੀਆਂ ਅਤੇ ਹੋਰ ਵੱਖ-ਵੱਖ ਖੇਤਰਾਂ ਵਿੱਚ ਮੱਲ੍ਹਾਂ ਮਾਰਨ ਵਾਲੀਆਂ ਸਖਸ਼ੀਅਤਾਂ, ਸਮਾਜ ਸੇਵਾ ਖੇਤਰ ਵਿੱਚ ਆਪਣਾ ਯੋਗਦਾਨ ਪਾਉਣ ਵਾਲੀਆਂ ਸੰਸਥਾਵਾਂ ਤੋਂ ਇਲਾਵਾ ਵਾਤਾਵਰਣ ਦੀ ਸ਼ੁੱਧਤਾ ਨੂੰ ਮੁੱਖ ਰੱਖਦਿਆਂ ਪਰਾਲੀ ਨੂੰ ਅੱਗ ਨਾ ਲਗਾਉਣ ਵਾਲੇ ਅਗਾਂਹ ਵਧੂ ਕਿਸਾਨਾਂ ਨੂੰ ਸਨਮਾਨਿਤ ਕੀਤਾ । ਫਾਜ਼ਿਲਕਾ ਵਿਚ ਹੋਏ ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ ਪੰਜਾਬ ਦੇ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਤਿਰੰਗਾ ਝੰਡਾ ਲਹਿਰਾਇਆ ਅਤੇ ਮਾਰਚ ਪਾਸਟ ਤੋਂ ਸਲਾਮੀ ਲਈ। ਕੈਬਨਿਟ ਮੰਤਰੀ ਨੇ ਦੇਸ਼ ਦੀ ਅਜਾਦੀ ਲਈ ਲੜਨ ਵਾਲੇ ਸੁੰਤਤਰਤਾ ਸੈਨਾਣੀਆਂ ਨੂੰ ਨਮਨ ਕੀਤਾ, ਉਨ੍ਹਾਂ ਨੇ ਸੰਵਿਧਾਨ ਨਿਰਮਾਤਾ ਡਾ: ਭੀਮ ਰਾਓ ਅੰਬੇਦਕਰ ਦੀਆਂ ਦੇਸ਼ ਪ੍ਰਤੀ ਸੇਵਾਵਾਂ ਨੂੰ ਇਸ ਮੌਕੇ ਯਾਦ ਕੀਤਾ। ਤਰਨ

ਤਾਰਨ ਵਿਖੇ ਆਯੋਜਿਤ ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ  ਗੁਰਮੀਤ ਸਿੰਘ ਖੁੱਡੀਆਂ ਨੇ ਮੁੱਖ ਮਹਿਮਾਨ ਵਜੋਂ ਸ਼ਾਮਲ ਹੁੰਦਿਆਂ ਰਾਸ਼ਟਰੀ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ। ਮੰਤਰੀ ਨੇ ਕਿਹਾ ਕਿ 26 ਜਨਵਰੀ, 1950 ਨੂੰ ਭਾਰਤੀ ਸੰਵਿਧਾਨ ਲਾਗੂ ਹੋਣ ਨਾਲ ਭਾਰਤੀ ਗਣਰਾਜ ਦੀ ਸਥਾਪਨਾ ਹੋਈ ਤੇ ਸਾਨੂੰ ਦੁਨੀਆਂ ਵਿੱਚ ਸਭ ਤੋਂ ਵੱਡੀ ਜਮਹੂਰੀਅਤ ਹੋਣ ਦਾ ਮਾਣ ਹਾਸਲ ਹੋਇਆ। ਇਸੇ ਤਰਾਂ ਫਰੀਦਕੋਟ, ਹੁਸ਼ਿਆਰਪੁਰ  ਪਠਾਨਕੋਟ ਅਤੇ ਤਰਨਤਾਰਨ ਸਮੇਤ ਸੂਬੇ ਦੇ ਹੋਰਨਾਂ ਜ਼ਿਲਿਆਂ ਵਿਚ ਵੀ ਗਣਤੰਤਰ ਦਿਵਸ  ਪੂਰੇ ਉਤਸ਼ਾਹ ਨਾਲ ਮਨਾਇਆ ਗਿਆ। ਓਧਰ  ਬਰਨਾਲਾ ਮੋਹਾਲੀ ਸਮੇਤ ਹੋਰਨਾਂ ਲਈ ਜ਼ਿਲਾ ਪ੍ਰਸ਼ਾਸ਼ਨ ਵਲੋਂ  ਸਕੂਲਾਂ ਵਿੱਚ ਕੱਲ 27 ਜਨਵਰੀ ਦੀ ਛੁੱਟੀ ਦਾ ਐਲਾਨ ਕੀਤਾ ਗਿਆ।

------------------------------------------------------

ਕੇਂਦਰ ਨੇ ਏਕੀਕ੍ਰਿਤ ਪੈਨਸ਼ਨ ਯੋਜਨਾ ਦੇ ਅਮਲ ਨੂੰ ਅਧਿਕਾਰਤ ਤੌਰ 'ਤੇ ਅਧਿਸੂਚਿਤ ਕੀਤਾ ਏ। ਸਰਕਾਰ ਨੇ ਪਿਛਲੇ ਸਾਲ ਅਗਸਤ ਵਿੱਚ ਕੇਂਦਰ ਸਰਕਾਰ ਦੇ ਕਰਮਚਾਰੀਆਂ ਲਈ ਰਾਸ਼ਟਰੀ ਪੈਨਸ਼ਨ ਪ੍ਰਣਾਲੀ ਦੇ ਤਹਿਤ

ਇੱਕ ਵਿਕਲਪ ਦੇ ਰੂਪ ਵਿੱਚ, ਏਕੀਕ੍ਰਿਤ ਪੈਨਸ਼ਨ ਯੋਜਨਾ ਦੀ ਸ਼ੁਰੂਆਤ ਕੀਤੀ ਸੀ। ਇਹ ਸਕੀਮ ਪਹਿਲੀ ਅਪਰੈਲ ਤੋਂ ਲਾਗੂ ਹੋਵੇਗੀ।

---------------------------------------------------------

ਐਥਲੈਟਿਕਸ ਵਿੱਚ ਭਾਰਤ ਦੀ ਜਯੋਤੀ ਯਾਰਾਜੀ ਨੇ ਕੱਲ੍ਹ ਫਰਾਂਸ ਵਿੱਚ ਮੀਟਿੰਗ ਡੀ ਨੈਨਟੇਸ ਮੈਟਰੋਪੋਲ 2025 ਵਿੱਚ ,ਮਹਿਲਾਵਾਂ ਦੇ 60 ਮੀਟਰ ਇਨਡੋਰ ਹਰਡਲਜ਼ ਮੁਕਾਬਲੇ ਵਿੱਚ ਸੋਨ ਤਗ਼ਮਾ ਜਿੱਤਿਆ । 100 ਮੀਟਰ ਦੌੜ ਵਿੱਚ ਰਾਸ਼ਟਰੀ ਤਮਗਾ ਜੇਤੂ ਜਯੋਤੀ ਨੇ, ਪਿਅਰੇ-ਕਿਨੋਨ ਮੈਟਰੋਪੋਲੀਟਨ ਸਟੇਡੀਅਮ ਵਿੱਚ 8.04 ਸੈਕੰਡ ਵਿਚ ਇਹ ਮੁਕਾਬਲਾ ਜਿਤਿਆ ।

---------------------------------------------------------

ਆਖਿਰ 'ਚ ਖਾਸ ਖਬਰਾਂ ਇਕ ਵਾਰ ਫਿਰ ਤੋਂ

- ਦੇਸ਼ ਅੱਜ ਆਪਣਾ 76ਵਾਂ ਗਣਤੰਤਰ ਦਿਵਸ ਮਨਾ ਰਿਹਾ ਏ-ਰਾਸ਼ਟਰਪਤੀ ਦ੍ਰੌਪਦੀ ਮੁਰਮੂ ਨੇ, ਰਾਸ਼ਟਰ ਦੀ ਅਗਵਾਈ ਕਰਦਿਆਂ ਨਵੀਂ ਦਿੱਲੀ ਵਿੱਚ ਕਰਤਵਯ ਪਥ 'ਤੇ ਪਰੇਡ ਤੋਂ ਸਲਾਮੀ ਲਈ ।

- ਪੰਜਾਬ ਵਿੱਚ 76ਵਾਂ ਗਣਤੰਤਰ ਦਿਵਸ ਬੜੀ ਧੂਮਧਾਮ ਨਾਲ ਮਨਾਇਆ ਗਿਆ -ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ, ਲੁਧਿਆਣਾ ਵਿਖੇ ਸੂਬਾ ਪੱਧਰੀ ਪ੍ਰੋਗਰਾਮ 'ਚ ਸ਼ਿਰਕਤ ਕੀਤੀ।
- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੁਲਿਸ ਮੁਲਾਜ਼ਮਾਂ ਨੂੰ, ਡਿਊਟੀ ਪ੍ਰਤੀ ਸ਼ਾਨਦਾਰ ਸਮਰਪਣ ਲਈ ਮੁੱਖ ਮੰਤਰੀ ਰਕਸ਼ਕ ਪਦਕ ਅਤੇ ਮੁੱਖ ਮੰਤਰੀ ਮੈਡਲ ਨਾਲ ਕੀਤਾ ਸਨਮਾਨਿਤ
- ਸਰਕਾਰੀ ਕਰਮਚਾਰੀਆਂ ਲਈ, ਏਕੀਕ੍ਰਿਤ ਪੈਨਸ਼ਨ ਯੋਜਨਾ ਨੋਟੀਫਾਈ ਕੀਤੀ ਗਈ।
- ਐਥਲੈਟਿਕਸ ਵਿੱਚ, ਭਾਰਤ ਦੀ ਜਯੋਤੀ ਯਾਰਾਜੀ ਨੇ, ਫਰਾਂਸ ਵਿੱਚ ਔਰਤਾਂ ਦੀ 60 ਮੀਟਰ ਇਨਡੋਰ ਹਰਡਲ ਵਿੱਚ ਆਪਣਾ ਹੀ, ਕੌਮੀ ਰਿਕਾਰਡ ਤੋੜ ਕੇ ਸੋਨੇ ਦਾ ਤਮਗਾ ਜਿੱਤਿਆ।